19-OCT-3STAR-5.qxd 10/19/2025 9:23 PM Page 3

ਨਵੇਂ ਉਪ ਜ਼ਿਲ੍ਹਾ ਮੰਡੀ ਅਫ਼ਸਰ ਤਜਿੰਦਰ ਕੁਮਾਰ ਦਾ ਸ਼ਾਹਕੋਟ ਦਫ਼ਤਰ ਪਹੁੰਚਣ 'ਤੇ ਸਵਾਗਤ ਕਰਦੇ ਹੋਏ ਸ਼ਾਮ ਲਾਲ ਮੰਡੀ ਸੁਪਰਵਾਈਜ਼ਰ, ਅਮਨਦੀਪ ਸਿੰਘ ਮੰਡੀ ਸੁਪਰਵਾਈਜ਼ਰ, ਮਨਦੀਪ ਸਿੰਘ ਲੇਖਾਕਾਰ, ਗਗਨਦੀਪ ਸੈਦਪੁਰੀ ਤੇ ਹੋਰ। (ਸੱਜੇ) ਆੜ੍ਹਤੀਆ ਐਸੋਸੀਏਸ਼ਨ ਵਲੋਂ ਉਪ ਜ਼ਿਲ੍ਹਾ ਮੰਡੀ ਅਫ਼ਸਰ ਤਜਿੰਦਰ ਕੁਮਾਰ ਦਾ ਸਨਮਾਨ ਕਰਦੇ ਹੋਏ ਜ਼ਿਲ੍ਹਾ ਪ੍ਰਧਾਨ ਕਪਿਲ ਗੁਪਤਾ, ਸ਼ਾਹਕੋਟ ਦੇ ਪ੍ਰਧਾਨ ਪਵਨ ਅਗਰਵਾਲ, ਕਾਲਾ ਗੁੱਜਰ ਤੇ ਹੋਰ। ਤਸਵੀਰਾਂ : ਦਲਜੀਤ ਸਿੰਘ ਸਚਦੇਵਾ

ਸ਼ਾਹਕੋਟ ਮਾਰਕੀਟ ਕਮੇਟੀ ਦੇ ਸਕੱਤਰ ਤਜਿੰਦਰ ਕੁਮਾਰ ਬਣੇ ਉਪ ਜ਼ਿਲ੍ਹਾ ਮੰਡੀ ਅਫ਼ਸਰ

☛ ਸ਼ਾਹਕੋਟ, ਲੋਹੀਆਂ ਤੇ ਮਹਿਤਪੁਰ ਮਾਰਕੀਟ ਕਮੇਟੀ ਦਾ ਮਿਲਿਆ ਵਾਧੂ ਚਾਰਜ ☛ ਸ਼ਾਹਕੋਟ ਦਫ਼ਤਰ ਪਹੁੰਚਣ 'ਤੇ ਸਟਾਫ਼ ਵਲੋਂ ਭਰਵਾਂ ਸਵਾਗਤ

ਸ਼ਾਹਕੋਟ, 19 ਅਕਤੂਬਰ (ਦਲਜੀਤ ਸਿੰਘ ਸਚਦੇਵਾ)-ਪੰਜਾਬ ਸਰਕਾਰ ਤੇ ਮੰਡੀ ਬੋਰਡ ਵਲੋਂ ਮਾਰਕੀਟ ਕਮੇਟੀ ਸ਼ਾਹਕੋਟ ਦੇ ਸਕੱਤਰ ਤਜਿੰਦਰ ਕੁਮਾਰ ਨੂੰ ਵਧੀਆ ਸੇਵਾਵਾਂ ਨਿਭਾਉਣ 'ਤੇ ਉਪ ਜ਼ਿਲ੍ਹਾ ਮੰਡੀ ਅਫ਼ਸਰ ਦੀ ਤਰੱਕੀ ਦਿੱਤੀ ਗਈ ਹੈ। ਇਨ੍ਹਾਂ ਨੇ ਜਲੰਧਰ ਸਥਿਤ ਮੰਡੀਕਰਨ ਬੋਰਡ ਦੇ ਦਫ਼ਤਰ ਵਿਖੇ ਬਤੌਰ ਉਪ ਜ਼ਿਲ੍ਹਾ ਮੰਡੀ ਅਫ਼ਸਰ ਵਜੋਂ ਆਪਣਾ ਚਾਰਜ ਸੰਭਾਲ ਲਿਆ ਹੈ। ਇਸ ਦੇ ਨਾਲ ਹੀ ਮੰਡੀ ਬੋਰਡ ਵਲੋਂ ਇਨ੍ਹਾਂ ਨੂੰ ਮਾਰਕੀਟ ਕਮੇਟੀ ਸ਼ਾਹਕੋਟ, ਮਹਿਤਪੁਰ ਤੇ ਲੋਹੀਆਂ ਦਾ ਵਾਧੂ ਚਾਰਜ ਦਿੱਤਾ ਗਿਆ ਹੈ। ਉਪ ਜ਼ਿਲ੍ਹਾ ਮੰਡੀ ਅਫ਼ਸਰ ਬਣਨ ਤੋਂ ਬਾਅਦ ਤਜਿੰਦਰ ਕੁਮਾਰ ਦਾ ਮਾਰਕੀਟ ਕਮੇਟੀ ਦਫ਼ਤਰ ਸ਼ਾਹਕੋਟ ਪਹੁੰਚਣ 'ਤੇ ਬਲਵੀਰ ਸਿੰਘ ਢੰਡੋਵਾਲ ਚੇਅਰਮੈਨ ਮਾਰਕੀਟ ਕਮੇਟੀ ਸ਼ਾਹਕੋਟ ਦੀ ਅਗਵਾਈ ਹੇਠ ਦਫ਼ਤਰੀ ਸਟਾਫ਼ ਅਮਨਦੀਪ ਸਿੰਘ ਮੰਡੀ ਸੁਪਰਵਾਈਜ਼ਰ, ਸ਼ਾਮ ਲਾਲ ਮੰਡੀ ਸੁਪਰਵਾਈਜ਼ਰ, ਮਨਦੀਪ ਸਿੰਘ ਲੇਖਾਕਾਰ, ਗਗਨਦੀਪ ਸੈਦਪੁਰੀ, ਗੋਬਿੰਦ, ਗੁਰਪ੍ਰੀਤ ਸਿੰਘ, ਗੁਰਸ਼ਰਨ ਸਿੰਘ ਬਦੇਸ਼ਾ, ਰਾਮ ਤੀਰਥ, ਦੀਪਕ, ਰੀਨਾ ਰਾਣੀ, ਪੂਜਾ ਦੇਵੀ ਤੇ ਪਿੰਕੀ ਅਰੋੜਾ ਵਲੋਂ ਭਰਵਾਂ

ਆੜ੍ਹਤੀਆ ਐਸੋਸੀਏਸ਼ਨ ਨੇ ਵੀ ਕੀਤਾ ਵਿਸ਼ੇਸ਼ ਸਨਮਾਨ

ਸਵਾਗਤ ਕੀਤਾ ਗਿਆ। ਇਸ ਮੌਕੇ ਆੜ੍ਹਤੀਆ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਕਪਿਲ ਗੁਪਤਾ ਤੇ ਕੱਚਾ ਆੜ੍ਹਤੀਆ ਐਸੋਸੀਏਸ਼ਨ ਸ਼ਾਹਕੋਟ ਦੇ ਪ੍ਰਧਾਨ ਪਵਨ ਅਗਰਵਾਲ ਦੀ ਅਗਵਾਈ ਹੇਠ ਆੜ੍ਹਤੀਆਂ ਵਲੋਂ ਵੀ ਤਜਿੰਦਰ ਕੁਮਾਰ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਜ਼ਿਲ੍ਹਾ ਪ੍ਰਧਾਨ ਕਪਿਲ ਗੁਪਤਾ ਤੇ ਪਵਨ ਅਗਰਵਾਲ ਨੇ ਕਿਹਾ ਕਿ ਤਜਿੰਦਰ ਕੁਮਾਰ ਬਹੁਤ ਹੀ ਮਿਹਨਤੀ ਅਫ਼ਸਰ ਹਨ, ਜਿਨ੍ਹਾਂ ਵਲੋਂ ਕਿਸਾਨਾਂ, ਆੜ੍ਹਤੀਆਂ ਤੇ ਸ਼ੈਲਰ ਮਾਲਕਾਂ ਨੂੰ ਹਰ ਪੱਖੋਂ ਸਹਿਯੋਗ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਤਜਿੰਦਰ ਕੁਮਾਰ ਨੇ ਬਤੌਰ ਸਕੱਤਰ ਵਜੋਂ ਬਹੁਤ ਹੀ ਸ਼ਾਨਦਾਰ ਸੇਵਾਵਾਂ ਨਿਭਾਈਆਂ ਹਨ। ਸ਼ਾਹਕੋਟ ਮੰਡੀ ਪਹਿਲਾਂ ਬਹੁਤ ਹੀ ਨੀਵੀਂ ਹੁੰਦੀ ਸੀ, ਇਨ੍ਹਾਂ ਦੇ ਉਪਰਾਲਾ ਸਦਕਾ ਹੀ ਮੰਡੀ ਨੂੰ ਉੱਚਾ ਕਰਵਾਇਆ ਗਿਆ। ਸ਼ਾਹਕੋਟ ਦੀ ਨਵੀਂ ਮੰਡੀ ਮਨਜ਼ੂਰ ਕਰਵਾਉਣ ਵਿਚ ਵੀ ਸਕੱਤਰ ਤਜਿੰਦਰ ਕੁਮਾਰ ਨੇ ਬਹੁਤ ਵੱਡਾ ਯੋਗਦਾਨ ਪਾਇਆ। ਇਸ ਮੌਕੇ ਤਜਿੰਦਰ ਕੁਮਾਰ ਸਕੱਤਰ ਨੇ ਕਿਹਾ ਕਿ ਉਹ ਆਪਣੀ ਜ਼ਿੰਮੇਵਾਰੀ ਨੂੰ ਹੋਰ ਵੀ ਵਧੀਆ ਢੰਗ ਨਾਲ ਨਿਭਾਉਣਗੇ। ਇਸ ਮੌਕੇ ਮਨਜੀਤ ਸਿੰਘ, ਜੀਵਨ ਦਾਸ, ਸੰਜੇ ਕੁਮਾਰ, ਮੋਹਿਤ ਜੋਸ਼ੀ, ਕਾਲਾ ਗੁੱਜਰ, ਵਿੱਕੀ ਗੋਇਲ, ਦਿਵਾਕਰ ਗੁਪਤਾ ਲੱਕੀ, ਰਾਮ ਗੁਪਤਾ ਲਵਲੀ, ਪ੍ਰੇਮ ਕੁਮਾਰ, ਸੰਜੇ ਗੁਪਤਾ, ਸੰਜੂ, ਮਿੰਟੂ, ਸੰਜੀਵ ਅਗਰਵਾਲ ਆਦਿ ਹਾਜ਼ਰ ਸਨ।

ਦ ਨੋਬਲ ਸਕੂਲ 'ਚ ਦੀਵਾਲੀ ਤਿਉਹਾਰ ਦੀ ਮਹੱਤਤਾ ਨੂੰ ਦਰਸਾਉਣ ਲਈ ਕਰਵਾਏ ਵੱਖ-ਵੱਖ ਰੰਗੋਲੀ ਮੁਕਾਬਲੇ ਨੂੰ ਦੇਖਦੇ ਚੇਅਰਮੈਨ ਪ੍ਰੋਫੈਸਰ ਸੀ.ਐਲ. ਕੋਛੜ ਤੇ ਵਿਦਿਆਰਥੀ। (ਸੱਜੇ) ਦ ਨੋਬੇਲ ਸਕੂਲ 'ਚ ਵਿਸ਼ੇਸ਼ ਪੂਜਾ ਸਮਾਰੋਹ ਮੌਕੇ ਲੱਛਮੀ ਮਾਤਾ ਦੀ ਪੂਜਾ ਕਰਦੇ ਚੇਅਰਮੈਨ ਪ੍ਰੋਫੈਸਰ ਸੀ. ਐਲ. ਕੋਛੜ, ਡਾਇਰੈਕਟਰ ਕੁਮਾਰ ਸ਼ਿਵ ਕੋਛੜ ਤੇ ਸਕੂਲ ਸਟਾਫ਼ । ਤਸਵੀਰਾਂ- ਧੀਰਪੁਰ

ਦ ਨੋਬਲ ਸਕੂਲ 'ਚ ਦੀਵਾਲੀ ਦੇ ਮੌਕੇ ਰੰਗੋਲੀ ਪ੍ਰਤਿਯੋਗਤਾ ਕਰਵਾਈ

ਕਰਤਾਰਪੁਰ, 19 ਅਕਤੂਬਰ (ਭਜਨ ਸਿੰਘ)-ਦ ਨੋਬੇਲ ਸਕੂਲ 'ਚ ਦੀਵਾਲੀ ਦਾ ਤਿਉਹਾਰ ਬੜੀ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਸਮਾਰੋਹ ਦੇ ਦੌਰਾਨ ਸਕੂਲ ਦੇ ਵਿਹੜੇ ਨੂੰ ਰੰਗੀਨ, ਉਤਸ਼ਾਹ ਅਤੇ ਖੁਸ਼ੀਆਂ ਨਾਲ ਭਰ ਦਿੱਤਾ ਗਿਆ। ਇਸ ਦਿਨ ਦਾ ਆਰੰਭ ਸਵੇਰ ਦੀ ਸਭਾ ਤੋਂ ਹੋਇਆ ਜਿਸ ਨੂੰ ਵਿਦਿਆਰਥੀਆਂ ਦੁਆਰਾ ਅਲੱਗ-ਅਲੱਗ ਗਤੀਵਿਧੀਆਂ ਜਿਵੇਂ ਕਿ ਭਾਸ਼ਣ, ਸਮੂਹ-ਗੀਤ ਆਦਿ ਦੁਆਰਾ ਪੇਸ਼ ਕੀਤਾ ਗਿਆ। ਇਸ ਆਯੋਜਨ ਦੌਰਾਨ ਸਕੂਲ ਵਿੱਚ ਇਕ ਵਿਸ਼ੇਸ਼ ਪੂਜਾ ਸਮਾਰੋਹ ਵੀ ਆਯੋਜਿਤ ਕੀਤਾ ਗਿਆ। ਜਿਸ ਵਿੱਚ ਲੱਛਮੀ ਮਾਤਾ ਦੀ ਪੂਜਾ ਕੀਤੀ ਗਈ ਅਤੇ ਵਿਦਿਆਰਥੀਆਂ ਨੇ ਪੂਜਾ ਤੋਂ ਬਾਅਦ ਸਕੂਲ ਨੂੰ ਦੀਵਿਆਂ ਦੀ ਰੌਸ਼ਨੀ ਨਾਲ ਸਜਾਇਆ। ਇਸ ਤਿਉਹਾਰ ਦੀ ਮਹੱਤਤਾ ਨੂੰ ਦਰਸਾਉਣ ਲਈ ਇਕ ਰੰਗੋਲੀ ਮੁਕਾਬਲਾ ਕਰਵਾਇਆ ਗਿਆ। ਜਿਸ ਵਿੱਚ ਭਿੰਨ-ਭਿੰਨ ਪ੍ਰਕਾਰ ਦੀਆਂ ਰੰਗੋਲੀਆਂ ਬਣਾਈਆਂ ਗਈਆਂ। ਇਸ ਮੌਕੇ ਸਕੂਲ ਦੇ ਚੇਅਰਮੈਨ ਪ੍ਰੋਫ਼ੈਸਰ ਸੀ.ਐਲ. ਕੋਛੜ, ਸਕੂਲ ਦੇ ਮੈਨੇਜਿੰਗ ਡਾਇਰੈਕਟਰ ਕੁਮਾਰ ਸ਼ਿਵ ਕੋਛੜ, ਡਾਇਰੈਕਟਰ ਸਰੋਜ ਸ਼ਰਮਾ, ਪ੍ਰਿੰਸੀਪਲ ਰਵਿੰਦਰ ਕੌਰ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਇਸ ਆਯੋਜਨ ਦਾ ਆਨੰਦ ਉਠਾਇਆ। ਪ੍ਰਤੀਯੋਗਿਤਾ ਦੇ ਅੰਤ ਵਿੱਚ ਚੇਅਰਮੈਨ ਪ੍ਰੋਫੈਸਰ ਸੀ. ਐਲ. ਕੋਛੜ ਨੇ ਜੇਤੂ ਰਹੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਇਸ ਪ੍ਰਕਾਰ ਦੀਆਂ ਪ੍ਰਤੀਯੋਗਿਤਾਵਾਂ ਦੁਆਰਾ ਬੱਚਿਆਂ ਦਾ ਸਰਬਪੱਖੀ ਵਿਕਾਸ ਹੁੰਦਾ ਹੈ। ਵਿਦਿਆਰਥੀਆਂ ਦੇ ਮਨੋਬਲ ਨੂੰ ਵਧਾਉਂਦੇ ਹੋਏ ਉਹਨਾਂ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਇਸ ਪ੍ਰਕਾਰ ਦੀ ਹੋਣ ਵਾਲੀ ਪ੍ਰਤਿਯੋਗਿਤਾ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਉਤਸ਼ਾਹਿਤ ਵੀ ਕੀਤਾ। ਇਸ ਸ਼ੁਭ ਮੌਕੇ ਚੇਅਰਮੈਨ ਸੀ.ਐਲ. ਕੋਛੜ ਅਤੇ ਮੈਨੇਜਿੰਗ ਡਾਇਰੈਕਟਰ ਕੁਮਾਰ ਸ਼ਿਵ ਕੋਛੜ ਵਲੋਂ ਸਕੂਲ ਦੇ ਸਾਰੇ ਸਟਾਫ਼ ਨੂੰ ਦੀਵਾਲੀ ਦੀ ਵਧਾਈ ਦੇ ਨਾਲ-ਨਾਲ ਤੋਹਫ਼ੇ ਵੀ ਦਿੱਤੇ ਗਏ।

ਪ੍ਰਤੀਯੋਗਿਤਾਵਾਂ ਬੱਚਿਆਂ ਦਾ ਸਰਬਪੱਖੀ ਵਿਕਾਸ ਤੇ ਵਿਦਿਆਰਥੀਆਂ ਦੇ ਮਨੋਬਲ ਨੂੰ ਵਧਾਉਂਦੀਆਂ ਹਨ- ਚੇਅਰਮੈਨ ਸੀ.ਐਲ. ਕੋਛੜ

ਫੁਲਵਾੜੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਲੋਹੀਆਂ ਵਿਖੇ ਮਨਾਏ ਦੀਵਾਲੀ ਦੇ ਤਿਉਹਾਰ ਮੌਕੇ ਉਦਘਾਟਨੀ ਫੀਤਾ ਕੱਟਦੇ ਹੋਏ ਅਤੇ (ਸੱਜੇ) ਰੰਗੋਲੀ ਦੀ ਪੇਸ਼ਕਾਰੀ ਕਰਨ ਵਾਲੇ ਵਿਦਿਆਰਥੀਆਂ ਨਾਲ ਡਾਇਰੈਕਟਰ ਗੁਰਬਖਸ਼ ਕੌਰ ਜੋਸਨ ਅਤੇ ਹੋਰ ਅਧਿਆਪਕ। ਤਸਵੀਰਾਂ : ਗੁਰਪਾਲ ਸਿੰਘ ਸ਼ਤਾਬਗੜ੍ਹ

ਫੁਲਵਾੜੀ ਸਕੂਲ ਲੋਹੀਆਂ 'ਚ 'ਦੀਵਾਲੀ ਮੌਕੇ' ਵੱਖ-ਵੱਖ ਮੁਕਾਬਲੇ ਕਰਵਾਏ

ਲੋਹੀਆਂ ਖਾਸ, 19 ਅਕਤੂਬਰ (ਗੁਰਪਾਲ ਸਿੰਘ ਸ਼ਤਾਬਗੜ੍ਹ, ਕੁਲਦੀਪ ਸਿੰਘ ਖਾਲਸਾ)-ਫੁਲਵਾੜੀ ਪਬਲਿਕ ਸੀਨੀਅਰ ਸੈਕੇਂਡਰੀ ਸਕੂਲ ਲੋਹੀਆਂ ਵਿਖੇ ਦਿਵਾਲੀ ਦਾ ਤਿਉਹਾਰ ਬੜੇ ਚਾਅ ਤੇ ਧੂਮ ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਦਿਵਾਲੀ ਸਬੰਧੀ ਵੱਖ-ਵੱਖ ਮੁਕਾਬਲਿਆਂ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਇਸ਼ਮੀਤ ਕੌਰ ਅਤੇ ਜਸਮੀਤ ਸਿੰਘ ਨੇ ਪਹਿਲਾ ਸਥਾਨ ਹਾਸਿਲ ਕੀਤਾ, ਜਸਪ੍ਰੀਤ ਕੌਰ ਅਤੇ ਅਲੀਨਾ ਮਲਿਕ ਨੇ ਤੀਸਰਾ ਸਥਾਨ, ਜਦਕਿ ਬਲਤਾਪ ਕੌਰ, ਗੁਰਲੀਨ ਕੌਰ ਅਤੇ ਹਰਮਨਜੋਤ ਕੌਰ ਨੇ ਕਨਸੋਲੇਸ਼ਨ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਮੋਮਬੱਤੀ ਸਜਾਵਟ ਦਾ ਮੁਕਾਬਲਾ ਵੀ ਕਰਵਾਇਆ ਗਿਆ। ਇਸ ਮੌਕੇ ਜੱਜਾਂ ਦੀ ਭੂਮਿਕਾ ਰਮਿੰਦਰ ਕੌਰ, ਹਰਪ੍ਰੀਤ ਕੌਰ, ਕਵਿਤਾ, ਰਮਨਦੀਪ ਕੌਰ, ਮਾਨਸੀ, ਨਤਾਸ਼ਾ, ਨਿੰਦਰ ਅਤੇ ਗੁਰਸ਼ਰਨ ਮੈਡਮ ਨੇ ਨਿਭਾਈ। ਸਮਾਗਮ ਦੌਰਾਨ ਸਕੂਲ ਦੇ ਮੈਨੇਜਰ ਜਗੀਰ ਜੋਸਨ, ਡਾਇਰੈਕਟਰ ਗੁਰਬਖਸ਼ ਕੌਰ ਜੋਸਨ, ਐਮ.ਡੀ. ਰਾਜਵੀਰ ਸਿੰਘ ਜੋਸਨ, ਐਮ.ਡੀ ਮਨੀਸ਼ਾ ਜੋਸਨ ਅਤੇ ਪ੍ਰਿੰਸੀਪਲ ਲਖਬੀਰ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਦਿਵਾਲੀ ਤੇ ਵਿਸ਼ਕਰਮਾ ਦਿਵਸ ਦੀਆਂ ਵਧਾਈਆਂ ਪੇਸ਼ ਕੀਤੀਆਂ। ਸਕੂਲ ਮੈਨੇਜਮੈਂਟ ਵੱਲੋਂ ਸਮੁੱਚੇ ਸਟਾਫ ਨੂੰ ਦਿਵਾਲੀ ਦੇ ਸੋਹਣੇ ਸੋਹਣੇ ਤੋਹਫੇ ਵੀ ਦਿੱਤੇ ਗਏ। ਸਾਰੇ ਸਮਾਗਮ ਦੀ ਰੂਪਰੇਖਾ ਵਿਚ ਮੈਡਮ ਹਰਪ੍ਰੀਤ ਕੌਰ, ਰਮਿੰਦਰ ਕੌਰ, ਮਾ. ਰਣਜੀਤ ਸਿੰਘ, ਮਾ. ਰਮੇਸ਼ ਸ਼ਰਮਾ, ਕਵਿਤਾ ਰਾਣੀ, ਨਤਾਸ਼ਾ ਮੈਡਮ, ਰੀਟਾ ਸ਼ਰਮਾ, ਨਿੰਦਰ, ਤਜਿੰਦਰ ਕੌਰ, ਹਰਵਿੰਦਰ ਕੌਰ ਸਮੇਤ ਸਕੂਲ ਦੇ ਹੋਰ ਸਟਾਫ ਵੱਲੋਂ ਤਿਆਰ ਕੀਤੀ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਅਤੇ ਸਟਾਫ ਵੀ ਹਾਜ਼ਰ ਸਨ।

ਮਿਸ਼ਨ ਪੁਨਰਵਾਸ ਤਹਿਤ 50 ਹੜ੍ਹ ਪੀੜਤ ਕਿਸਾਨਾਂ ਨੂੰ 20 ਲੱਖ ਤੋਂ ਵੱਧ ਦੀ ਮੁਆਵਜ਼ਾ ਰਾਸ਼ੀ ਸੌਂਪੀ

ਪੰਜਾਬ ਸਰਕਾਰ ਹੜ੍ਹ ਪੀੜਤਾਂ ਦੇ ਹਰ ਨੁਕਸਾਨ ਦੀ ਭਰਪਾਈ ਕਰਨ ਲਈ ਵਚਨਬੱਧ-ਹਲਕਾ ਵਿਧਾਇਕਾ ਇੰਦਰਜੀਤ ਕੌਰ ਮਾਨ

ਨਕੋਦਰ, 19 ਅਕਤੂਬਰ (ਗੁਰਵਿੰਦਰ ਸਿੰਘ, ਤਿਲਕ ਰਾਜ ਸ਼ਰਮਾ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਹੜ੍ਹਾਂ ਕਰਨ ਪੈਦਾ ਹੋਈ ਔਖੀ ਘੜੀ ਵਿੱਚ ਹੜ੍ਹ ਪੀੜਤਾਂ ਦੀ ਬਾਂਹ ਫੜਨ ਲਈ ਸ਼ੁਰੂ ਕੀਤੇ ਮਿਸ਼ਨ ਪੁਨਰਵਾਸ ਤਹਿਤ ਅੱਜ ਨਕੋਦਰ ਵਿਧਾਨ ਸਭਾ ਹਲਕਿਆਂ ਅਧੀਨ ਪੈਂਦੇ 4 ਪਿੰਡਾਂ ਦੇ 50 ਹੜ੍ਹ ਪੀੜਤ ਕਿਸਾਨਾਂ ਨੂੰ 20 ਲੱਖ 90 ਹਜ਼ਾਰ ਰੁਪਏ ਤੋਂ ਵੱਧ ਦੀ ਮੁਆਵਜ਼ਾ ਰਾਸ਼ੀ ਦੀ ਵੰਡ ਕੀਤੀ ਗਈ। ਹਲਕਾ ਵਿਧਾਇਕ ਨਕੋਦਰ ਇੰਦਰਜੀਤ ਕੌਰ ਮਾਨ ਨੇ ਪਿੰਡ ਉੱਗੀ, ਆਵਾਂ ਚਹਾਰਮੀ, ਕੰਗ ਸਾਹਬੂ ਦੇ 42 ਕਿਸਾਨਾਂ ਨੂੰ 18 ਲੱਖ 70 ਹਜ਼ਾਰ ਰੁਪਏ ਤੋਂ ਵੱਧ ਦੀ ਮੁਆਵਜ਼ਾ ਰਾਸ਼ੀ ਦੇ ਮਨਜ਼ੂਰੀ ਪੱਤਰ ਸੌਂਪਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵੱਲੋਂ ਹੜ੍ਹ ਪ੍ਰਭਾਵਿਤ ਕਿਸਾਨਾਂ ਦੀ ਸਥਿਤੀ ਨੂੰ ਸਮਝਦਿਆਂ ਅਤੇ ਅਗਲੀ ਫ਼ਸਲ ਦੀ ਬਿਜਾਈ ਨੂੰ ਧਿਆਨ ਵਿੱਚ ਰੱਖਦਿਆਂ ਬਿਨ੍ਹਾਂ ਕਿਸੇ ਦੇਰੀ ਤੋਂ ਮੁਆਵਜ਼ਾ ਰਕਮ ਦੀ ਵੰਡ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਵੱਲੋਂ ਹੜ੍ਹ ਪੀੜਤਾਂ ਨੂੰ ਦੀਵਾਲੀ ਤੋਂ ਪਹਿਲਾਂ ਰਾਹਤ ਰਾਸ਼ੀ ਪ੍ਰਦਾਨ ਕਰਨ ਦਾ ਵਾਅਦਾ ਕੀਤਾ ਗਿਆ ਸੀ, ਜੋ ਕਿ ਮਹਿਜ਼ 30 ਦਿਨਾਂ ਵਿੱਚ ਹੀ ਨਿਭਾਅ ਕੇ ਮਿਸਾਲ ਕਾਇਮ ਕੀਤੀ ਗਈ ਹੈ। ਇਸ ਮੌਕੇ ਉਨ੍ਹਾਂ ਨਾਲ ਐੱਸ.ਡੀ.ਐਮ. ਨਕੋਦਰ ਲਾਲ ਵਿਸ਼ਵਾਸ ਬੈਂਸ ਵੀ ਮੌਜੂਦ ਸਨ। ਵਿਧਾਇਕ ਇੰਦਰਜੀਤ ਕੌਰ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਹੜ੍ਹ ਪੀੜਤ ਲੋਕਾਂ ਦੇ ਹਰ ਨੁਕਸਾਨ ਦੀ ਭਰਪਾਈ ਕਰਨ ਲਈ ਵਚਨਬੱਧ ਹੈ ਅਤੇ ਬਾਕੀ ਰਹਿੰਦੇ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਵੀ ਜਲਦ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਮੁਆਵਜ਼ਾ ਰਾਸ਼ੀ ਪਹੁੰਚ ਜਾਵੇਗੀ। ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਪਹਿਲੀ ਵਾਰ ਕਿਸਾਨਾਂ ਨੂੰ ਪ੍ਰਤੀ ਏਕੜ 20 ਹਜ਼ਾਰ ਰੁਪਏ ਮੁਆਵਜ਼ਾ ਦਿੱਤਾ ਜਾ ਰਿਹਾ ਹੈ। ਐੱਸ.ਡੀ.ਐਮ. ਲਾਲ ਵਿਸ਼ਵਾਸ ਬੈਂਸ ਤੋਂ ਇਲਾਵਾ ਹੋਰ ਵੀ ਸਖ਼ਸ਼ੀਅਤਾਂ ਮੌਜੂਦ ਸਨ।

ਹਲਕਾ ਵਿਧਾਇਕ ਬੀਬੀ ਇੰਦਰਜੀਤ ਕੌਰ ਮਾਨ ਐੱਸ.ਡੀ.ਐਮ ਨਾਲ ਵਿਸ਼ਵਾਸ ਬੈਂਸ ਹੜ੍ਹ ਪੀੜਤ ਕਿਸਾਨਾਂ ਨੂੰ ਮੁਆਵਜਾ ਰਾਸ਼ੀ ਦੇਣ ਮੌਕੇ । ਤਸਵੀਰ ਗੁਰਵਿੰਦਰ ਸਿੰਘ

ਸਵ. ਪਰਮਿੰਦਰ ਕੌਰ ਸਚਦੇਵਾ ਨੂੰ ਵੱਖ-ਵੱਖ ਆਗੂਆਂ ਵਲੋਂ ਸ਼ਰਧਾਂਜਲੀਆਂ ਭੇਟ

ਅੰਤਿਮ ਅਰਦਾਸ ਮੌਕੇ ਵੱਡੀ ਗਿਣਤੀ 'ਚ ਲੋਕ ਹੋਏ ਸ਼ਾਮਿਲ

ਸ਼ਾਹਕੋਟ, 19 ਅਕਤੂਬਰ (ਸੁਖਦੀਪ ਸਿੰਘ)-ਸੇਵਾ-ਮੁਕਤ ਹੈੱਡਮਾਸਟਰ ਅਵਤਾਰ ਸਿੰਘ ਸਚਦੇਵਾ ਦੀ ਪਤਨੀ, ਅਰਸ਼ਪ੍ਰੀਤ ਕੌਰ (ਈ.ਟੀ.ਟੀ.), ਇੰਦਰਪ੍ਰੀਤ ਸਿੰਘ ਸਚਦੇਵਾ (ਆਸਟ੍ਰੇਲੀਆ) ਤੇ 'ਆਪਣਾ ਵਿਹੜਾ' ਰੈਸਟੋਰੈਂਟ ਦੇ ਮਾਲਕ ਸੁਖਪ੍ਰੀਤ ਸਿੰਘ ਸਚਦੇਵਾ ਦੇ ਮਾਤਾ ਅਤੇ 'ਅਜੀਤ' ਦੇ ਪੱਤਰਕਾਰ ਦਲਜੀਤ ਸਿੰਘ ਸਚਦੇਵਾ, ਅਜੀਤ ਵੈਬ ਟੀ.ਵੀ. ਦੇ ਪੱਤਰਕਾਰ ਏ.ਐੱਸ.ਅਰੋੜਾ ਤੇ ਪੱਤਰਕਾਰ ਸੁਖਦੀਪ ਸਿੰਘ ਦੇ ਚਾਚੀ ਸੇਵਾ-ਮੁਕਤ ਪੰਜਾਬੀ ਮਿਸਟ੍ਰੈਸ ਪਰਮਿੰਦਰ ਕੌਰ ਸਚਦੇਵਾ ਵਾਸੀ ਅਮਨ ਨਗਰ, ਸ਼ਾਹਕੋਟ ਦੀ ਆਤਮਿਕ ਸ਼ਾਂਤੀ ਨਮਿੱਤ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦਾ ਭੋਗ ਉਨ੍ਹਾਂ ਦੇ ਗ੍ਰਹਿ ਵਿਖੇ ਪੈਣ ਉਪਰੰਤ ਅੰਤਿਮ ਅਰਦਾਸ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਸ਼ਾਹਕੋਟ ਵਿਖੇ ਹੋਈ। ਇਸ ਮੌਕੇ ਭਾਈ ਅੰਮ੍ਰਿਤਪਾਲ ਸਿੰਘ ਸ਼ਾਹਕੋਟ ਵਾਲਿਆਂ ਦੇ ਜੱਥੇ ਵਲੋਂ ਵੈਰਾਗਮਈ ਕੀਰਤਨ ਕੀਤਾ ਗਿਆ। ਸ਼